# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 02-10-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਾਰਿਆਂ ਨੂੰ ਸਵੱਛਤਾ ਨੂੰ ਆਪਣੇ ਜੀਵਨ ਦਾ ਅਨਿੱਖੜਵਾਂ ਅੰਗ ਬਣਾਉਣ ਦੀ ਸਹੁੰ ਚੁੱਕਣ ਦੀ ਅਪੀਲ ਕਰਦਿਆਂ ਕਿਹਾ ਕਿ ਸਵੱਛਤਾ ਪ੍ਰਤੀ ਵਚਨਬੱਧਤਾ ਇੱਕ ਵਾਰ ਦਾ ਵਾਅਦਾ ਨਹੀਂ ਬਲਕਿ ਜੀਵਨ ਭਰ ਦਾ ਵਾਅਦਾ ਏ। ਨਵੀਂ ਦਿੱਲੀ ਵਿੱਚ ਸਵੱਛ ਭਾਰਤ ਮਿਸ਼ਨ ਦੇ 10 ਸਾਲ ਪੂਰੇ ਹੋਣ ਦੇ ਸਬੰਧ ਵਿੱਚ, ਸਵੱਛਤਾ ਹੀ ਸੇਵਾ 2024 ਪ੍ਰੋਗਰਾਮ ਨੂੰ ਸੰਬੋਧਨ ਕਰਦੇ ਹੋਏ, ਸ੍ਰੀ ਮੋਦੀ ਨੇ ਜ਼ੋਰ ਦੇ ਕੇ ਕਿਹਾ ਕਿ ਇੱਕ ਸਵੱਛ ਭਾਰਤ ਦੀ ਪ੍ਰਾਪਤੀ ਲਈ ਲਗਾਤਾਰ ਯਤਨ ਜ਼ਰੂਰੀ ਨੇ । ਉਨ੍ਹਾਂ ਨੇ ਸਵੱਛਤਾ ਨੂੰ ਜਨ ਅੰਦੋਲਨ ਬਣਾਉਣ ਲਈ 140 ਕਰੋੜ ਭਾਰਤੀਆਂ ਦੇ ਅਟੁੱਟ ਜਜ਼ਬੇ ਨੂੰ ਸਲਾਮ ਕਰਦੇ ਹੋਏ ਕਿਹਾ ਕਿ ਸਵੱਛ ਭਾਰਤ ਮਿਸ਼ਨ ਦੀ ਸਫਲਤਾ ਵਿੱਚ ਸਾਰਿਆਂ ਨੇ

ਯੋਗਦਾਨ ਪਾਇਆ ਏ । ਪ੍ਰਧਾਨ ਮੰਤਰੀ ਨੇ ਇਸਨੂੰ ਇਕ ਵੱਡੀ ਉਪਲੱਬਧੀ ਕਰਾਰ ਦਿੱਤਾ।

**BYTE:**

ਉਨ੍ਹਾਂ ਕਿਹਾ ਕਿ ਅੱਜ ਦੁਨੀਆ ਦੇ ਵੱਖ-ਵੱਖ ਹਿੱਸਿਆਂ ਵਿੱਚ ਸਮਾਗਮ ਕਰਵਾਏ ਜਾ ਰਹੇ ਨੇ । ਇਸ ਮੁਹਿੰਮ ਵਿੱਚ ਕਈ ਸੂਬਿਆਂਦੇ ਮੁੱਖ ਮੰਤਰੀ, ਮੰਤਰੀ ਅਤੇ ਹੋਰ ਨੁਮਾਇੰਦੇ ਭਾਗ ਲੈ ਰਹੇ ਨੇ । ਪ੍ਰਧਾਨ ਮੰਤਰੀ ਨੇ ਕਿਹਾ ਕਿ ਸੇਵਾ ਪੰਦਰਵਾੜੇ ਦੇ ਸਿਰਫ 15 ਦਿਨਾਂ ਵਿੱਚ, ਦੇਸ਼ ਵਿੱਚ 27 ਲੱਖ ਤੋਂ ਵੱਧ ਸਮਾਗਮ ਕਰਵਾਏ ਗਏ ਜਿਸ ਵਿੱਚ 28 ਕਰੋੜ ਤੋਂ ਵੱਧ ਲੋਕਾਂ ਨੇ ਹਿੱਸਾ ਲਿਆ।

---

ਦੇਸ਼ ਅੱਜ ਰਾਸ਼ਟਰਪਿਤਾ ਮਹਾਤਮਾ ਗਾਂਧੀ ਨੂੰ, ਉਨ੍ਹਾਂ ਦੀ 155ਵੀਂ ਜਨਮ ਵਰ੍ਹੇਗੰਢ 'ਤੇ ਯਾਦ ਕਰ ਰਿਹਾ ਏ । ਦੇਸ਼ ਭਰ ਵਿੱਚ ਅਤੇ ਵਿਦੇਸ਼ਾਂ ਵਿੱਚ ਵੀ ਭਾਰਤੀ ਮਿਸ਼ਨਾਂ ਵੱਲੋਂ ਕਈ ਸਮਾਗਮ ਕਰਾਏ ਜਾ ਰਹੇ ਨੇ । ਰਾਸ਼ਟਰੀ ਰਾਜਧਾਨੀ ਦੇ ਰਾਜਘਾਟ ਸਥਿਤ ਬਾਪੂ ਦੀ ਸਮਾਧੀ 'ਤੇ ਸਰਬ ਧਰਮ ਪ੍ਰਾਰਥਨਾ ਸਭਾ ਕਰਾਈ ਗਈ ।ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ

ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਲੋਕ ਸਭਾ ਸਪੀਕਰ ਓਮ ਬਿਰਲਾ, ਕੇਂਦਰੀ ਮੰਤਰੀਆਂ, ਅਤੇ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਰਾਜਘਾਟ 'ਤੇ ਮਹਾਤਮਾ ਗਾਂਧੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

-----------------------------------------------------

ਦੇਸ਼ ਅੱਜ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸ਼ਾਸਤਰੀ ਨੂੰ ਵੀ ਓਹਨਾਂ ਦੀ 120 ਵੀਂ ਜਨਮ ਵਰ੍ਹੇਗੰਢ ‘ਤੇ ਯਾਦ ਕਰ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ, ਲੋਕ ਸਭਾ ਸਪੀਕਰ ਓਮ ਬਿਰਲਾ, ਕੇਂਦਰੀ ਮੰਤਰੀਆਂ, ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਨੇ ਲਾਲ ਬਹਾਦੁਰ ਸ਼ਾਸਤਰੀ ਨੂੰ, ਦਿੱਲੀ ਵਿੱਚ ਉਨ੍ਹਾਂ ਦੀ ਸਮਾਧੀ ਵਿਜੇ ਘਾਟ ਵਿਖੇ ਸ਼ਰਧਾ ਦੇ ਫੁੱਲ ਭੇਟ ਕੀਤੇ ।

-----------------------------------------------------

ਪਟਿਆਲਾ ਜ਼ਿਲ੍ਹੇ ਦਾ ਕਿਸਾਨ ਗੁਰਜੰਟ ਸਿੰਘ ਰਾਜਪੁਰਾ ਸਾਉਣੀ ਸੀਜ਼ਨ 2024-25 ਦੌਰਾਨ, ਘੱਟੋ-ਘੱਟ ਸਮਰਥਨ ਮੁੱਲ ‘ਤੇ ਝੋਨੇ ਦੀ ਅਦਾਇਗੀ ਹਾਸਲ ਕਰਨ ਵਾਲਾ, ਸੂਬੇ ਦਾ ਪਹਿਲਾ ਕਿਸਾਨ ਬਣ ਗਿਆ

ਏ। ਸੂਬੇ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਖਰੀਦ ਦੇ 4 ਘੰਟਿਆਂ ਦੇ ਅੰਦਰ ਵਿਭਾਗ ਨੇ ਕਿਸਾਨ ਦੀ ਅਦਾਇਗੀ ਦੇ ਇਕ ਲੱਖ 35 ਹਜ਼ਾਰ 720 ਰੁਪਏ ਸਿੱਧੇ ਉਸਦੇ ਬੈਂਕ ਖਾਤੇ ਵਿੱਚ ਟਰਾਂਸਫਰ ਕਰ ਦਿੱਤੇ। ਉਨ੍ਹਾਂ ਦੱਸਿਆ ਕਿ ਕੱਲ ਸੂਬੇ ਦੀਆਂ ਵੱਖ-ਵੱਖ ਮੰਡੀਆਂ ਵਿੱਚ ਸਰਕਾਰੀ ਏਜੰਸੀਆਂ ਵੱਲੋਂ ਘੱਟੋ-ਘੱਟ ਸਮਰਥਨ ਮੁੱਲ 'ਤੇ 703 ਮੀਟਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਏ, ਅਤੇ ਮੰਡੀਆਂ ਵਿੱਚ ਝੋਨੇ ਦੀ ਖਰੀਦ ਲਈ ਸਾਰੇ ਪ੍ਰਬੰਧ ਮੁਕੰਮਲ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਚੰਗੀ ਤਰ੍ਹਾਂ ਪੱਕੀ ਅਤੇ ਸੁੱਕੀ ਫ਼ਸਲ ਦੀ ਹੀ ਵਾਢੀ ਕਰਨ ਤਾਂ ਜੋ ਨਮੀ ਨਿਰਧਾਰਤ ਹੱਦ ਅੰਦਰ ਹੋਵੇ ਅਤੇ ਮੰਡੀਆਂ ਵਿੱਚ ਲਿਆਉਂਦੇ ਸਾਰ ਹੀ ਉਨ੍ਹਾਂ ਦੀ ਫ਼ਸਲ ਦੀ ਖਰੀਦ ਹੋ ਜਾਵੇ।

-----------------------------------------------------------

ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕਿਹਾ ਏ ਕਿ ਪੁਲਿਸ ਵੱਲੋਂ ਸੂਬੇ

ਭਰ ’ਚ ਲੁਟਾਂ-ਖੋਹਾਂ ਅਤੇ ਨਸ਼ਾ ਵਿਕਰੀ ਵਾਲੀਆਂ ਥਾਵਾਂ ’ਤੇ ਸੀ.ਸੀ.ਟੀ.ਵੀ ਕੈਮਰਿਆਂ ਦੀ ਵਰਤੋਂ ਕਰਕੇ ਨਿਗਰਾਨੀ ਰੱਖੀ ਜਾਵੇਗੀ।

ਉਨ੍ਹਾਂ ਕਿਹਾ ਕਿ ਸੁਚੱਜੇ ਢੰਗ ਨਾਲ ਹਰ ਮੌਕੇ ਦੀ ਨਿਗਰਾਨੀ ਕਰਨ ਲਈ ਜ਼ਿਲ੍ਹਾ ਅਤੇ ਸਬ-ਡਵੀਜ਼ਨ ਪੱਧਰ ’ਤੇ ਸੀ.ਸੀ.ਟੀ.ਵੀ ਕੰਟਰੋਲ ਰੂਮ ਸਥਾਪਿਤ ਕੀਤੇ ਜਾ ਰਹੇ ਨੇ। ਪੁਲਿਸ ਮੁਖੀ ਸਾਰੇ 28 ਪੁਲਿਸ ਜ਼ਿਲ੍ਹਿਆਂ ਦੀ ਕਾਰਗੁਜ਼ਾਰੀ ਦਾ ਮੁਲਾਂਕਣ ਕਰਨ ਲਈ ਸਾਰੇ ਸੀਨੀਅਰ ਫੀਲਡ ਅਧਿਕਾਰੀਆਂ ਅਤੇ ਆਪਰੇਸ਼ਨਲ ਵਿੰਗਾਂ ਦੇ ਮੁਖੀਆਂ ਨਾਲ ਪੀ.ਏ.ਪੀ. ਕੰਪਲੈਕਸ ਜਲੰਧਰ ਵਿਖੇ ਸੂਬਾ ਪੱਧਰੀ ਕਾਨੂੰਨ ਅਤੇ ਵਿਵਸਥਾ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਮੀਟਿੰਗ ਵਿੱਚ ਪੰਜਾਬ ਦੀਆਂ ਵੱਖ-ਵੱਖ ਵਿਸ਼ੇਸ਼ ਯੂਨਿਟਾਂ ਦੇ ਮੁਖੀਆ ਨੇ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ CPs ਤੇ SSPs ਨੂੰ ਅਜਿਹੇ ਅਪਰਾਧੀਆਂ ਨਾਲ ਸਖਤੀ ਨਾਲ ਨਜਿੱਠਣ ਅਤੇ ਡਰੱਗ ਸਪਲਾਇਰਾਂ ਵੱਲੋਂ ਗੈਰ-ਕਾਨੂੰਨੀ ਢੰਗ ਨਾਲ ਜੁਟਾਈ ਸੰਪਤੀ ਨੂੰ ਫਰੀਜ਼ ਕਰਨ ਲਈ ਨਸ਼ਿਆਂ ਨੂੰ ਰੋਕਣ ਬਾਰੇ ਕਾਨੂੰਨ ਦੀ ਧਾਰਾ 68-F ਦੀ ਵੱਧ ਤੋਂ ਵੱਧ ਵਰਤੋਂ ਕਰਨ ਲਈ ਵੀ ਹੁਕਮ ਦਿੱਤੇ। ਸੂਬੇ ਵਿੱਚ ਹੋਣ ਜਾ ਰਹੀਆਂ ਪੰਚਾਇਤੀ ਚੋਣਾਂ ਦੇ

ਮੱਦੇਨਜ਼ਰ ਡੀ.ਜੀ.ਪੀ ਨੇ ਸੂਬੇ ਭਰ ਵਿੱਚ ਸੁਰੱਖਿਆ ਪ੍ਰਬੰਧਾਂ ਦਾ ਵੀ ਜਾਇਜ਼ਾ ਲਿਆ ਅਤੇ ਸਮੂਹ ਅਧਿਕਾਰੀਆਂ ਨੂੰ ਆਜ਼ਾਦ, ਪਾਰਦਰਸ਼ੀ ਅਤੇ ਨਿਰਪੱਖ ਚੋਣਾਂ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਆਉਂਦੇ ਤਿਉਹਾਰਾਂ ਦੇ ਸੀਜ਼ਨ ਦੇ ਮੱਦੇਨਜ਼ਰ, ਉਨ੍ਹਾਂ ਨੇ ਆਮ ਲੋਕਾਂ ਲਈ ਘੱਟ ਤੋਂ ਘੱਟ ਅਸੁਵਿਧਾ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਭਾਰੀ ਭੀੜ ਵਾਲੇ ਖੇਤਰਾਂ ਵਿੱਚ ਚੌਕਸੀ ਵਧਾਉਣ ਦੀ ਲੋੜ ’ਤੇ ਵੀ ਜ਼ੋਰ ਦਿੱਤਾ। ਮੀਟਿੰਗ ਦੌਰਾਨ ਅਪਰਾਧੀਆਂ ਦਾ ਕੱਚਾ-ਚਿੱਠਾ ਤਿਆਰ ਕਰਨ, ਹਿੰਸਕ ਅਪਰਾਧਾਂ ਵਿਰੁੱਧ ਮਿਸਾਲੀ ਕਾਰਵਾਈ ਕਰਨ, ਨਿਗਰਾਨੀ ਵਧਾਉਣ, ਅਪਰਾਧਾਂ ਦੀ ਪਛਾਣ ਲਈ ਤਕਨਾਲੋਜੀ ਦੀ ਵਰਤੋਂ ਕਰਨ ਅਤੇ ਨਸ਼ਾ ਤਸਕਰਾਂ ਦੀਆਂ ਸੰਪਤੀਆਂ ਨੂੰ ਜ਼ਬਤ ਕਰਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ।

---------------------------------------------------------------

ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਝੋਨੇ ਦੇ ਖਰੀਦ ਅਤੇ ਸਾਂਭ ਸੰਭਾਲ ਦੇ ਪ੍ਰਬੰਧ ਕਰਨ ਵਿੱਚ

ਬੁਰੀ ਤਰ੍ਹਾਂ ਨਾਕਾਮ ਰਹੀ ਏ। ਅੱਜ ਚੰਡੀਗੜ੍ਹ ਵਿਚ ਜਾਰੀ ਇੱਕ ਬਿਆਨ ਵਿੱਚ ਅਰਵਿੰਦ ਖੰਨਾ ਨੇ ਕਿਹਾ ਕਿ ਸਰਕਾਰ ਨੂੰ ਆੜ੍ਹਤੀਆਂ, ਕਿਸਾਨਾਂ ਅਤੇ ਸ਼ੈਲਰ ਮਾਲਿਕਾਂ ਦੀ ਸਮੱਸਿਆ ਵੱਲ ਫੌਰੀ ਤੌਰ ਤੇ ਧਿਆਨ ਦੇਣਾ ਚਾਹੀਦਾ ਏ, ਪਰ ਇਹ ਸਰਕਾਰ ਮੰਡੀਆਂ ਦੇ ਪ੍ਰਧਾਨਾਂ 'ਤੇ ਦਬਾਅ ਬਣਾ ਰਹੀ ਏ ਕਿ ਖਰੀਦ ਅਤੇ ਸਾਂਭ-ਸੰਭਾਲ ਦੇ ਪ੍ਰਬੰਧ ਖੁਦ ਕਰਨ। ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਵੱਡੀ ਸਮੱਸਿਆ ਦੇ ਹੱਲ ਲਈ ਪੰਜਾਬ ਸਰਕਾਰ ਨੂੰ ਲੋੜੀਂਦੀ ਸਹਾਇਤਾ ਮੁਹੱਈਆ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਆਪਣੀ ਜ਼ਿੰਮੇਵਾਰੀ ਤੋਂ ਨਹੀਂ ਭੱਜਣਾ ਚਾਹੀਦਾ ਬਲਕਿ ਸਥਿਤੀ ਨੂੰ ਸੰਭਾਲਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੂੰ ਇਸ ਪ੍ਰਤੀ ਕੋਈ ਸੰਜੀਦਾ ਕਦਮ ਚੁੱਕਣਾ ਚਾਹੀਦਾ ਏ ਨਹੀਂ ਤਾਂ ਸੂਬੇ ਦੇ ਹਾਲਾਤ ਬੁਰੀ ਤਰ੍ਹਾਂ ਪ੍ਰਭਾਵਿਤ ਹੋਣਗੇ।

---------------------------------------------------------

ਸੂਬੇ ਵਿੱਚ ਨਿੱਜੀ ਸੁਰੱਖਿਆ ਉਦਯੋਗ ਦੀ ਮਜ਼ਬੂਤੀ ਲਈ, ਪੰਜਾਬ ਪੁਲਿਸ ਨੇ ਭਾਰਤੀ ਉਦਯੋਗ ਸੰਘ ਨਾਲ ਸਾਂਝੇਦਾਰੀ ਜ਼ਰੀਏ ਚੰਡੀਗੜ੍ਹ

ਸਥਿਤ ਮੁੱਖ ਦਫ਼ਤਰ ਵਿਖੇ ਪ੍ਰਾਈਵੇਟ ਸੁਰੱਖਿਆ ਏਜੰਸੀ ਰੈਗੂਲੇਸ਼ਨ ਐਕਟ 'ਤੇ ਪਹਿਲੀ ਕਾਨਫਰੰਸ ਕਰਵਾਈ। ਇਹ ਕਾਨਫਰੰਸ ਪੰਜਾਬ ਦੇ ਡੀ.ਜੀ.ਪੀ. ਗੌਰਵ ਯਾਦਵ ਦੀ ਅਗਵਾਈ ਹੇਠ ਕੀਤੀ ਗਈ , ਜਿਸ ਦਾ ਉਦੇਸ਼ ਨਿਜੀ ਸੁਰੱਖਿਆ ਏਜੰਸੀਆਂ ਅਤੇ ਕਾਨੂੰਨ ਲਾਗੂ ਕਰਨ ਵਾਲਿਆਂ ਦਰਮਿਆਨ ਸਹਿਯੋਗ ਨੂੰ ਉਤਸ਼ਾਹਿਤ ਕਰਨਾ ਸੀ। ਪੰਜਾਬ ਦੇ ਗ੍ਰਹਿ ਮਾਮਲੇ ਵਿਭਾਗ ਦੇ ਪ੍ਰਮੁੱਖ ਸਕੱਤਰ ਗੁਰਕਿਰਤ ਕਿਰਪਾਲ ਸਿੰਘ ਸੰਬੋਧਨ ਕਰਦਿਆਂ ਐਕਟ ਅਧੀਨ ਲਾਜ਼ਮੀ ਲੋੜਾਂ ਨੂੰ ਯਕੀਨੀ ਬਣਾਉਂਦੇ ਹੋਏ ਪ੍ਰਾਈਵੇਟ ਸੁਰੱਖਿਆ ਏਜੰਸੀਆਂ ਨੂੰ ਪੰਜਾਬ ਸਰਕਾਰ ਵੱਲੋਂ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਪੀ.ਐਸ.ਏ.ਆਰ. ਐਕਟ ਤਹਿਤ ਨਿਯਮਾਂ ਨੂੰ ਅਪਡੇਟ ਕੀਤਾ ਜਾ ਰਿਹਾ ਏ। ਪ੍ਰਮੁੱਖ ਸਕੱਤਰ ਨੇ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਵਿੱਚ ਨਿੱਜੀ ਸੁਰੱਖਿਆ ਏਜੰਸੀਆਂ ਦੀ ਭੂਮਿਕਾ ਦੀ ਵੀ ਸ਼ਲਾਘਾ ਕੀਤੀ। ADGP ਐਸ.ਐਸ. ਸ੍ਰੀਵਾਸਤਵ ਨੇ ਕਿਹਾ ਕਿ ਇਸ ਕਾਨਫਰੰਸ ਦਾ ਉਦੇਸ਼ ਆਪਸੀ ਤਾਲਮੇਲ ਜ਼ਰੀਏ ਕੰਮ ਕਰਨ ਲਈ ਜਨਤਕ, ਨਿਜੀ ਸੁਰੱਖਿਆ ਏਜੰਸੀਆਂ ਅਤੇ ਕਾਨੂੰਨ ਲਾਗੂ ਕਰਨ ਵਾਲਿਆਂ ਲਈ ਇੱਕ ਸੁਰੱਖਿਅਤ

ਅਤੇ ਉਸਾਰੂ ਮਾਹੌਲ ਨੂੰ ਉਤਸ਼ਾਹਿਤ ਕਰਨਾ ਏ। ਕਾਨੂੰਨ ਲਾਗੂ ਕਰਨ ਵਿੱਚ ਸਹਾਇਤਾ ਲਈ ਨਿੱਜੀ ਸੁਰੱਖਿਆ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਨੇ PSAR ਐਕਟ ਦੇ ਮੁੱਖ ਪਹਿਲੂਆਂ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ ਨਿੱਜੀ ਸੁਰੱਖਿਆ ਅਤੇ ਸੁਰੱਖਿਆ ਢਾਂਚੇ ਵਿੱਚ ਉਨ੍ਹਾਂ ਦੀ ਭੂਮਿਕਾ ਮਹੱਤਵਪੂਰਨ ਏ। ਇਹ ਪਹਿਲਕਦਮੀ ਨਿੱਜੀ ਸੁਰੱਖਿਆ ਖੇਤਰ ਨੂੰ ਨਿਯਮਤ ਅਤੇ ਉਤਸ਼ਾਹਿਤ ਕਰਨ ਲਈ ਪੰਜਾਬ ਪੁਲਿਸ ਦੀ ਵਚਨਬੱਧਤਾ ਨੂੰ ਦਰਸਾਉਂਦੀ ਏ।